# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13-10**

**ਮਿਤੀ : 22-06-2025**

ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਮਾਮਲੇ ਵਿੱਚ ਇੱਕ ਵੱਡੀ ਸਫਲਤਾ ਹਸਿਲ ਕਰਦਿਆਂ, ਰਾਸ਼ਟਰੀ ਜਾਂਚ ਏਜੰਸੀ (NIA) ਨੇ ਹਮਲੇ ਨੂੰ ਅੰਜਾਮ ਦੇਣ ਵਾਲੇ ਦਹਿਸ਼ਤਗਰਦਾਂ ਨੂੰ ਕਥਿਤ ਤੌਰ ‘ਤੇ ਪਨਾਹ ਦੇਣ ਦੇ ਇਲ੍ਜ਼ਾਮ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਇੱਕ ਬਿਆਨ ਵਿੱਚ, NIA ਨੇ ਕਿਹਾ ਏ ਕਿ ਦੋ ਵਿਅਕਤੀਆਂ, ਬਟਕੋਟ ਤੋਂ ਪਰਵੇਜ਼ ਅਹਿਮਦ ਜੋਥਰ ਅਤੇ ਹਿੱਲ ਪਾਰਕ, ਤੋਂ ਬਸ਼ੀਰ ਅਹਿਮਦ ਜੋਥਰ ਨੇ ਹਮਲੇ ਵਿੱਚ ਸ਼ਾਮਲ ਤਿੰਨ ਹਥਿਆਰਬੰਦ ਦਹਿਸ਼ਤਗਰਦਾਂ ਦੀ ਪਛਾਣ ਦਾ ਖੁਲਾਸਾ ਕੀਤਾ ਏ । ਏਜੰਸੀ ਨੇ ਕਿਹਾ ਏ ਕਿ ਮੁਲਜ਼ਮਾਂ ਨੇ ਇਹ ਵੀ ਪੁਸ਼ਟੀ ਕੀਤੀ ਏ ਕਿ ਉਹ ਪਾਬੰਦੀਸ਼ੁਦਾ ਦਹਿਸ਼ਤਗਰਦ ਧੜੇ ਲਸ਼ਕਰ-ਏ-ਤੋਇਬਾ ਨਾਲ ਜੁੜੇ ਪਾਕਿਸਤਾਨੀ ਨਾਗਰਿਕ ਸਨ. NIA

ਮੁਤਾਬਿਕ, ਪਰਵੇਜ਼ ਅਤੇ ਬਸ਼ੀਰ ਨੇ ਹਮਲੇ ਤੋਂ ਪਹਿਲਾਂ ਜਾਣਦਿਆਂ – ਸਮਝਦਿਆਂ ਤਿੰਨ ਹਥਿਆਰਬੰਦ ਦਹਿਸ਼ਤਗਰਦਾਂ ਨੂੰ ਹਿੱਲ ਪਾਰਕ ਵਿਖੇ ਇੱਕ ਆਰਜ਼ੀ ਝੌਂਪੜੀ ਵਿੱਚ ਪਨਾਹ ਦਿੱਤੀ ਸੀ। ਇਸ ਵਿੱਚ ਕਿਹਾ ਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਨੇ ਦਹਿਸ਼ਤਗਰਦਾਂ ਨੂੰ ਭੋਜਨ, ਪਨਾਹ ਅਤੇ ਆਵਾਜਾਈ ਦੀ ਸਹਾਇਤਾ ਪ੍ਰਦਾਨ ਕੀਤੀ ਸੀ. NIA ਨੇ ਦੋਵਾਂ ਨੂੰ ਗੈਰ-ਕਾਨੂੰਨੀ ਗਤੀਵਿਧੀਆਂ ਦੀ ਰੋਕਥਾਮ ਬਾਰੇ ਕਾਨੂਨ ਤਹਿਤ ਗ੍ਰਿਫ਼ਤਾਰ ਕੀਤਾ ਏ।

---------------------------------------------------------------

ਜੇਲ੍ਹਾਂ ਵਿੱਚ ਸੁਰੱਖਿਆ ਵਧਾਉਣ ਦੇ ਉਦੇਸ਼ ਨਾਲ, ਪੰਜਾਬ ਸਰਕਾਰ ਨੇ ਜੇਲ੍ਹ ਸਟਾਫ ਵਿੱਚ, ਵੱਖ-ਵੱਖ ਕਾਡਰਾਂ ਦੀਆਂ 500 ਅਸਾਮੀਆਂ ਭਰਨ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਹ ਫੈਸਲਾ ਕੱਲ੍ਹ ਚੰਡੀਗੜ੍ਹ ਵਿੱਚ ਪੰਜਾਬ ਸਿਵਲ ਸਕੱਤਰੇਤ ਵਿਖੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਹੋਈ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਏ ਕਿ, ਮੰਤਰੀ ਮੰਡਲ ਨੇ ਜੇਲ੍ਹ ਵਿਭਾਗ ਵਿੱਚ, ਸਿੱਧੀ ਭਰਤੀ ਕੋਟੇ ਤਹਿਤ ਸਹਾਇਕ ਸੁਪਰਡੈਂਟ, ਵਾਰਡਰ ਅਤੇ ਮੈਟਰਨ ਦੀਆਂ 500 ਖ਼ਾਲੀ ਅਸਾਮੀਆਂ ਦੀ

ਭਰਤੀ ਨੂੰ ਸਹਿਮਤੀ ਦੇ ਦਿੱਤੀ ਏ। ਇਸ ਤੋਂ ਇਲਾਵਾ ਮੀਟਿੰਗ ਵਿੱਚ, ਹੋਰ ਵੀ ਕਈ ਅਹਿਮ ਫੈਸਲੇ ਲਏ ਗਏ ਨੇ। ਮੰਤਰੀ ਮੰਡਲ ਨੇ PSIEC ਦੇ ਪ੍ਰਬੰਧ ਵਾਲੀਆਂ ਸਨਅਤੀ ਅਸਟੇਟਾਂ ਵਿੱਚ ਸਨਅਤੀ ਪਲਾਟਾਂ ਦੀ ਵੰਡ ਅਤੇ ਉਪ-ਵੰਡ ਲਈ, ਇੱਕ ਵਿਆਪਕ ਨੀਤੀ ਨੂੰ ਵੀ ਪ੍ਰਵਾਨਗੀ ਦਿੱਤੀ ਏ ਤਾਂ ਜੋ ਜ਼ਮੀਨ ਦੀ ਵਰਤੋਂ ਹੋਰ ਕੁਸ਼ਲਤਾ ਨਾਲ ਕੀਤੀ ਜਾ ਸਕੇ। 'ਨਸ਼ਿਆਂ ਵਿਰੁੱਧ ਜੰਗ' ਪ੍ਰੋਗਰਾਮ ਨੂੰ ਹੋਰ ਤੇਜ਼ ਕਰਨ ਲਈ, ਉੱਚ-ਅਧਿਕਾਰੀਆਂ ਵਾਲੀ ਕੈਬਨਿਟ ਉਪ ਕਮੇਟੀ ਦੇ ਗਠਨ ਨੂੰ ਕਾਰਜ ਬਾਅਦ ਪ੍ਰਵਾਨਗੀ ਵੀ ਦਿੱਤੀ ਗਈ ਏ। ਇਹ ਕਦਮ ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਦੀ ਰੋਜ਼ਾਨਾ ਜਾਂਚ ਵਿੱਚ ਹੋਰ ਮਦਦ ਕਰੇਗਾ, ਜਿਸ ਨਾਲ ਪੰਜਾਬ ਨਸ਼ਿਆਂ ਦੇ ਖਤਰੇ ਤੋਂ ਮੁਕਤ ਹੋਵੇਗਾ। ਪੰਜਾਬ ਫਾਇਰ ਐਂਡ ਐਮਰਜੈਂਸੀ ਸਰਵਿਸਿਜ ਨੇਮ, 2025 ਬਣਾਉਣ ਨੂੰ ਵੀ ਮਨਜ਼ੂਰ ਕੀਤਾ ਗਿਆ ਏ। ਇਸ ਨਾਲ ਸੂਬਾ ਸਰਕਾਰ ਇੱਕ ਨੋਟੀਫਿਕੇਸਨ ਰਾਹੀਂ ਇਮਾਰਤਾਂ ਜਾਂ ਅਦਾਰਿਆਂ, ਜਿਸ ਵਿੱਚ ਨਿਰਧਾਰਤ ਜੋਖਮ ਸ੍ਰੇਣੀਆਂ ਸ਼ਾਮਲ ਨੇ, ਦੇ ਮਾਮਲੇ ਵਿੱਚ ਅੱਗ ਸੁਰੱਖਿਆ ਸਬੰਧੀ ਪ੍ਰਮਾਣ ਪੱਤਰ ਦੀ ਮਿਆਦ ਨਿਰਧਾਰਤ ਕਰ ਸਕੇਗੀ। ਇਸ ਤੋਂ ਇਲਾਵਾ ਪੰਜਾਬ ਫੈਕਟਰੀ ਨੇਮਾਂ 1952 ਵਿੱਚ ਸੋਧ ਅਤੇ ਪੰਜਾਬ ਕਿਰਤ ਭਲਾਈ ਫੰਡ ਕਾਨੂੰਨ, 1965 ਵਿੱਚ ਸੋਧ ਨੂੰ ਵੀ ਮਨਜ਼ੂਰ ਕੀਤਾ ਗਿਆ ਏ।

---

ਜਲੰਧਰ ਵਿੱਚ, ਜਲ ਸ਼ਕਤੀ ਅਭਿਆਨ ਦੀ ਦੋ ਮੈਂਬਰੀ ਟੀਮ ਵੱਲੋਂ ਜ਼ਿਲ੍ਹੇ ਦਾ ਦੌਰਾ ਕਰਕੇ, ਪਾਣੀ ਦੀ ਸਾਂਭ- ਸੰਭਾਲ ਸਬੰਧੀ ਪ੍ਰਾਜੈਕਟਾਂ ਅਤੇ ਹੋਰ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ। ਦੌਰੇ ਦੌਰਾਨ, ਕੇਂਦਰੀ ਟੀਮ, ਜਿਸ ਵਿੱਚ ਮਾਲੀ ਸੇਵਾਵਾਂ ਵਿਭਾਗ ਦੇ ਡਾਇਰੈਕਟਰ ਤੇ ਜਲ ਸ਼ਕਤੀ ਅਭਿਆਨ ਦੇ ਕੇਂਦਰੀ ਨੋਡਲ ਅਫ਼ਸਰ ਵਿਵੇਕ ਗੁਪਤਾ ਅਤੇ ਕੇਂਦਰੀ ਜਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਤੇ ਤਕਨੀਕੀ ਅਫ਼ਸਰ ਸੰਜੀਵ ਕੁਮਾਰ ਸ਼ਾਮਲ ਸਨ, ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦਾ ਦੌਰਾ ਕਰਕੇ, ਪਾਣੀ ਦੀ ਸਾਂਭ-ਸੰਭਾਲ ਸਬੰਧੀ ਕੀਤੇ ਜਾ ਰਹੇ ਯਤਨਾਂ ਦੀ ਸਮੀਖਿਆ ਕੀਤੀ। ਦੌਰੇ ਉਪਰੰਤ ਕੇਂਦਰੀ ਟੀਮ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪ੍ਰਸ਼ਾਸਨਿਕ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਕੇਂਦਰੀ ਟੀਮ ਨੇ ਪਾਣੀ ਦੀ ਸਾਂਭ ਸੰਭਾਲ ਖਾਸ ਕਰਕੇ ਮੀਂਹ ਦੇ ਪਾਣੀ ਦੀ ਸੁਚੱਜੀ ਵਰਤੋਂ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਜ਼ਿਲ੍ਹੇ ਵਿੱਚ ਚੱਲ ਰਹੇ ਅਜਿਹੇ ਹੋਰ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ’ਤੇ ਜ਼ੋਰ ਦਿੱਤਾ।

---

ਪੰਜਾਬ ਸਰਕਾਰ ਬੱਚਿਆਂ ਨੂੰ ਭੀਖ ਮੰਗਣ ਦੀ ਸਮਾਜਿਕ ਕੁਰੀਤੀ ਤੋਂ

ਬਚਾਉਣ ਲਈ, ਬੇਹਦ ਸੰਵੇਦਨਸ਼ੀਲ ਅਤੇ ਸਖ਼ਤ ਰਵੱਈਆ ਅਪਣਾ ਰਹੀ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਏ ਕਿ  ਭੀਖ ਮੰਗਣ ਤੋਂ ਰੋਕਣ ਬਾਰੇ ਕਾਨੂੰਨ (1971) ਵਿੱਚ ਸੋਧਾਂ ਕੀਤੀਆਂ ਜਾਣਗੀਆਂ, ਜਿਨ੍ਹਾਂ ਰਾਹੀਂ ਰੇਡ ਲਾਈਟਾਂ ਅਤੇ ਚੌਂਕਾਂ 'ਤੇ ਭੀਖ ਬੱਚਿਆਂ ਨੂੰ ਮੰਗਵਾਉਣ ਵਾਲੇ ਰੈਕੇਟਾਂ, ਮਾਪਿਆਂ ਜਾਂ ਹੋਰਨਾਂ  ਵਿਰੁੱਧ ਸਖ਼ਤ ਸਜ਼ਾਵਾਂ ਅਤੇ ਭਾਰੀ ਜੁਰਮਾਨਿਆਂ ਦਾ ਪ੍ਰਬੰਧ  ਕੀਤਾ ਜਾਵੇਗਾ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਜੁਲਾਈ 2024 ਤੋਂ ਸਾਰੇ ਜ਼ਿਲ੍ਹਿਆਂ 'ਚ  ਨਾਬਲਿਗ ਲਈ ਨਿਆ  ਬਾਰੇ ਕਾਨੂੰਨ ਤਹਿਤ 'ਪ੍ਰੋਜੈਕਟ ਜੀਵਨਜੋਤ' ਚਲਾਇਆ ਜਾ ਰਿਹਾ ਏ, ਜਿਸ ਤਹਿਤ ਹੁਣ ਤੱਕ 286 ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾਇਆ ਗਿਆ ਏ। ਇਨ੍ਹਾਂ ਬੱਚਿਆਂ ਨੂੰ ਹਰ ਤਰ੍ਹਾਂ ਦੀ ਸੁਰੱਖਿਆ, ਦੇਖਭਾਲ ਸਬੰਧੀ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਨੇ।

---------------------------------------------------

ਮੌਸਮ ਵਿਭਾਗ ਨੇ ਪੰਜਾਬ, ਦੱਖਣੀ ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਉਤਰਾਖੰਡ ਵਿੱਚ ਅੱਜ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਭਾਰਤੀ ਮੌਸਮ ਵਿਭਾਗ ਦੇ ਸੀਨੀਅਰ ਵਿਗਿਆਨੀ RK Jenamani ਨੇ ਦੱਸਿਆ - **BYTE -**

---------------------------------------------------

ਭਾਰਤ ਦੀ ਮਾਇਆ ਰਾਜੇਸ਼ਵਰਨ ਨੇ ਜਰਮਨੀ ਵਿੱਚ ITF J200 ਗਲੈਡ-ਬੇਕ ਟੈਨਿਸ ਟੂਰਨਾਮੈਂਟ ਵਿੱਚ ਔਰਤਾਂ ਸਿੰਗਲਜ਼ ਦਾ ਖਿਤਾਬ ਜਿੱਤ ਲਿਆ ਏ । 16 ਸਾਲਾ ਮਾਇਆ ਨੇ ਫਾਈਨਲ ਵਿੱਚ, ਸਵਿਟਜ਼ਰਲੈਂਡ ਦੀ ਨੋਏਲੀਆ ਮੰਟਾ ਨੂੰ 6-2, 6-4 ਨਾਲ ਹਰਾਇਆ। ਯੂਰਪ ਵਿੱਚ ਮਾਇਆ ਦਾ ਇਹ ਪਹਿਲਾ ITF ਜੂਨੀਅਰ ਖਿਤਾਬ ਅਤੇ ਕੁਲ ਸੱਤਵਾਂ ITF ਜੂਨੀਅਰ ਖਿਤਾਬ ਏ।